# ਦਫਤਰ ਨਗਰ ਨਿਗਮ ਹੁਸ਼ਿਆਰਪੁਰ।
# ਪ੍ਰੈਸ ਨੋਟ

**ਅਣਅਧਿਕਾਰਤ ਕਲੋਨੀਆਂ/ਪਲਾਟਾ ਅਤੇ ਬਿੱਲਡਿੰਗਾਂ ਨੂੰ ਰੈਗੂਲਰ ਕਰਨ ਸਬੰਧੀ ਪੰਜਾਬ ਸਰਕਾਰ ਨੇ 14 ਜਨਵਰੀ 2017 ਤੱਕ ਦਾ ਦਿੱਤਾ ਸਮਾਂ..................ਕਾਰਜ ਸਾਧਕ ਅਫਸਰ ਰਮੇਸ਼ ਕੁਮਾਰ**

**ਸ਼ਹਿਰ ਨਿਵਾਸੀ ਸਰਕਾਰ ਵੱਲੋਂ ਦਿੱਤੀ ਗਈ ਇਸ ਸਹੂਲਤ ਦਾ ਵੱਧ ਤੋਂ ਵੱਧ ਲਾਭ ਉਠਾਉਣ**

ਹੁਸ਼ਿਆਰਪੁਰ 21 ਦੰਸਬਰ ਪੰਜਾਬ ਸਰਕਾਰ ਵੱਲੋਂ ਅਣਅਧਿਕਾਰਤ ਕਲੋਨੀਆਂ/ ਬਿੱਲਡਿੰਗਾਂ ਨੂੰ ਰੈਗੂਲਰ ਕਰਨ ਸਬੰਧੀ ਅਰਜ਼ੀਆਂ ਪ੍ਰਾਪਤ ਕਰਨ ਲਈ 14 ਜਨਵਰੀ 2017 ਤੱਕ ਦਾ ਮੌਕਾ ਦਿੱਤਾ ਗਿਆ ਹੈ। ਇਹ ਜਾਣਕਾਰੀ ਨਗਰ ਨਿਗਮ ਦੇ ਕਾਰਜ ਸਾਧਕ ਅਫਸਰ ਰਮੇਸ਼ ਕੁਮਾਰ ਨੇ ਦਿੰਦਿਆ ਦੱਸਿਆ ਕਿ ਹਾਊਸਿੰਗ ਅਤੇ ਅਰਬਨ ਡਿਵੈਲਪਮੈਂਟ ਵਿਭਾਗ, ਪੰਜਾਬ ਵਲੋ ਅਣ-ਅਧਿਕਾਰਤ ਕਲੋਨੀਆਂ/ਪਲਾਟਾਂ ਅਤੇ ਬਿਲਡਿੰਗ ਦੀ ਰੈਗੁਲੇਰਾਈਜ਼ੇਸਨ ਸਬੰਧੀ ਨੋਟੀਫਿਕੇਸ਼ਨ ਨੰ: 12/04/16-Hg2/891764/1 ਮਿਤੀ 15 ਦਸੰਬਰ 2016 ਨੂੰ ਜਾਰੀ ਕੀਤਾ ਗਿਆ ਹੈ। ਇਹ ਨੋਟੀਫਿਕੇਸ਼ਨ ਮਿਤੀ 01.04.2013 ਤੋ ਪਹਿਲਾਂ ਡਿਵੈਲਪ ਹੋ ਚੁੱਕੀਆਂ ਅਣ-ਅਧਿਕਾਰਤ ਕਲੋਨੀਆਂ ਅਤੇ ਇਨਾਂ ਵਿੱਚ ਮੌਜੂਦ ਪਲਾਟਾਂ/ਬਿਲਡਿੰਗਾਂ ਤੇ ਲਾਗੂ ਹੋਵੇਗਾ ਅਤੇ ਸਬੰਧਤ ਅਣ-ਅਧਿਕਾਰਤ ਕਲੋਨੀਆਂ/ਪਲਾਟਾਂ ਨੂੰ ਰੈਗੁਲਰ ਕਰਨ ਸਬੰਧੀ ਮਿਤੀ 14 ਜਨਵਰੀ 2017 ਤੱਕ ਨਗਰ ਨਿਗਮ ਦੇ ਦਫਤਰ ਹੁਸ਼ਿਆਰਪੁਰ ਵਿਖੇ ਦਰਖਾਸਤਾਂ ਪ੍ਰਾਪਤ ਕੀਤੀਆਂ ਜਾਣੀਆਂ ਹਨ। ਉਨਾਂ ਦੱਸਿਆ ਕਿ ਅਰਜ਼ੀਆਂ ਦੇਣ ਸਬੰਧੀ ਫੀਸਾਂ/ਸ਼ਰਤਾਂ ਦਫਤਰ ਨਗਰ ਨਿਗਮ ਵਿੱਚੋ ਪ੍ਰਾਪਤ ਕੀਤਆਂ ਜਾ ਸਕਦੀਆਂ ਹਨ। ਅਰਜ਼ੀਆਂ ਲੈਣ ਸਬੰਧੀ ਨਗਰ ਨਿਗਮ ਦੇ ਦਫਤਰ ਵਿਖੇ ਵਿਸ਼ੇਸ਼ ਪ੍ਰਬੰਧ ਕੀਤੇ ਜਾ ਚੁੱਕੇ ਹਨ ਅਤੇ ਵੱਧ ਤੋਂ ਵੱਧ ਲੋਕਾਂ ਨੂੰ ਸਰਕਾਰ ਵੱਲੋਂ ਅਣਅਧਿਕਾਰਤ ਕਲੋਨੀਆਂ/ ਬਿੱਲਡਿੰਗਾਂ ਨੂੰ ਰੈਗੂਲਰ ਕਰਨ ਸਬੰਧੀ ਦਿੱਤੀ ਗਈ ਸਹੂਲਤ ਦਾ ਲਾਭ ਲੈਣਾ ਚਾਹੀਦਾ ਹੈ।